VIGILANCE BUREAU, PUNJAB

# Punjab VB asks public to use toll free number, email, Whatsapp for corruption complaints

- **Dishonest public servants to be dealt with seriously : LK Yadav**
- **Says, will not be tolerate corruption at any cost : VB Chief**

Chandigarh, October 13 : With the sole aim of ending corruption in the State Government offices, the Punjab Vigilance Bureau (VB) on Wednesday gave a clarion call to the people of Punjab as well as honest officials to co-operate with Bureau by providing information or filing complaints regarding corruption/bribery by the public servants on its toll free number 1800-1800-1000, or Whatsapp number or email.

Disclosing this Chief Director-cum-ADGP Vigilance Bureau Mr L.K. Yadav said that corruption by public servants would not be tolerated at any cost as the vision of Punjab Chief Minister Mr Charanjeet Singh Channi was to provide corruption free governance in the state which would be implemented with letter and spirit.

Making an earnest public appeal VB Chief informed that the toll free number would be operational at the headquarters of Bureau for 24x7. In addition to this, anyone could send information, video or text message anytime on Whatsapp number 90410-89685 or at email complaint2vb@punjab.gov.in to the VB.

"Anyone can use this toll free number, email or Whatsapp number to register complaint against any public servant demanding illegal gratification in cash or kind for performing any legitimate official work, public servant misusing official position, misappropriating Government funds and causing loss to the State exchequer, any financial irregularity or embezzlement noticed in ongoing development project, and substandard material being used in project of any State Government department," said Yadav.

VB Chief further added that any public servant with clean hands could also use the above mentioned contact numbers or email to lodge complaints or inform the Bureau against any VB official indulging in any dishonesty or misusing his/her

official position etc. The Bureau would initiate action against the accused if proved after thoroughly probing into such complaints adding he said the guilty would be dealt with seriously. He assured that in case the complaint so desired his/her identity would be kept secret.

-----------

ਵਿਜੀਲੈਂਸ ਬਿਊਰੋ, ਪੰਜਾਬ

**ਵਿਜੀਲੈਂਸ ਬਿਊਰੋ ਨੂੰ ਭ੍ਰਿਸਟਾਚਾਰ ਬਾਰੇ ਸਕਿਾਇਤਾਂ ਟੋਲ ਫਰੀ ਨੰਬਰ, ਈਮੇਲ ਜਾਂ ਵਟਸਐਪ ਰਾਹੀਂ ਵੀ ਭੇਜ ਸਕੋਗੇ**

**ਬੇਈਮਾਨ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ : ਐਲ. ਕੇ. ਯਾਦਵ**

**ਭ੍ਰਿਸਟਾਚਾਰ ਕਿਸੇ ਵੀ ਕੀਮਤ 'ਤੇ ਬਰਦਾਸਤ ਨਹੀਂ ਕੀਤਾ ਜਾਵੇਗਾ : ਵਿਜੀਲੈਂਸ ਮੁਖੀ**

ਚੰਡੀਗੜ੍ਹ, 13 ਅਕਤੂਬਰ :

ਸੂਬੇ ਦੇ ਸਰਕਾਰੀ ਦਫ਼ਤਰਾਂ ਵਿੱਚ ਭ੍ਰਿਸਟਾਚਾਰ ਨੂੰ ਖ਼ਤਮ ਕਰਨ ਦੇ ਉਦੇਸ ਨਾਲ, ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪੰਜਾਬ ਦੇ ਆਮ ਲੋਕਾਂ ਦੇ ਨਾਲ ਨਾਲ ਇਮਾਨਦਾਰ ਅਧਿਕਾਰੀਆਂ/ਕਰਮਚਾਰੀਆਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਭ੍ਰਿਸਟਾਚਾਰ/ਰਿਸਵਤਖੋਰ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਵਿਰੁੱਧ ਜਾਣਕਾਰੀ ਦੇਣ ਜਾਂ ਟੋਲ ਫਰੀ ਨੰਬਰ 1800-1800-1000 'ਤੇ ਸਕਿਾਇਤ ਦਰਜ ਕਰਵਾਉਣ ਜਾਂ ਵਟਸਐਪ ਨੰਬਰ ਜਾਂ ਈਮੇਲ 'ਤੇ ਸਕਿਾਇਤਾਂ ਦਰਜ ਕਰਵਾਉਣ ਲਈ ਕਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਚੀਫ਼ ਡਾਇਰੈਕਟਰ-ਕਮ-ਏਡੀਜੀਪੀ ਵਿਜੀਲੈਂਸ ਬਿਊਰੋ ਸ੍ਰੀ ਐਲ.ਕੇ. ਯਾਦਵ ਨੇ ਕਿਹਾ ਕਿ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਕੀਤੇ ਜਾਂਦੇ ਕਿਸੇ ਵੀ ਤਰਾਂ ਦੇ ਭ੍ਰਿਸਟਾਚਾਰ ਨੂੰ ਕਿਸੇ ਵੀ ਕੀਮਤ 'ਤੇ ਬਰਦਾਸਤ ਨਹੀਂ ਕੀਤਾ ਜਾਵੇਗਾ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਚਰਨਜੀਤ ਸਿੰਘ ਚੰਨੀ ਵੀ ਸੂਬੇ ਵਿੱਚ ਭ੍ਰਿਸਟਾਚਾਰ ਮੁਕਤ ਸਾਸਨ ਲਾਗੂ ਕਰਨ ਲਈ ਪ੍ਰਤੀਬੱਧ ਹਨ।

ਲੋਕਾਂ ਨੂੰ ਅਪੀਲ ਕਰਦਿਆਂ ਵਿਜੀਲੈਂਸ ਮੁਖੀ ਨੇ ਦੱਸਿਆ ਕਿ ਟੋਲ ਫਰੀ ਨੰਬਰ ਬਿਊਰੋ ਦੇ ਮੁੱਖ ਦਫ਼ਤਰ ਵਿਖੇ ਲਗਾਤਾਰ 247 ਲਈ ਕਾਰਜਸੀਲ ਰਹੇਗਾ। ਇਸ ਤੋਂ ਇਲਾਵਾ, ਕੋਈ ਵੀ ਵਿਅਕਤੀ ਕਿਸੇ ਵੀ ਸਮੇਂ ਵਟਸਐਪ ਨੰਬਰ 90410-89685 ਜਾਂ ਈਮੇਲ complaint2vb@punjab.gov.in 'ਤੇ ਵਿਜੀਲੈਂਸ ਬਿਉਰੋ ਨੂੰ ਜਾਣਕਾਰੀ, ਵੀਡੀਓ ਜਾਂ ਲਿਖ ਕੇ ਸੰਦੇਸ ਭੇਜ ਸਕਦਾ ਹੈ।

ਸ੍ਰੀ ਯਾਦਵ ਨੇ ਕਿਹਾ ਕਿ ਕੋਈ ਵੀ ਵਿਅਕਤੀ ਕਿਸੇ ਵੀ ਸਰਕਾਰੀ ਕੰਮ ਲਈ ਨਕਦੀ ਜਾਂ ਕਿਸੇ ਕਿਸਮ ਦੀ ਗੈਰਕਾਨੂੰਨੀ ਸਹਾਇਤਾ ਦੀ ਮੰਗ ਕਰਨ ਵਾਲੇ, ਆਪਣੇ ਸਰਕਾਰੀ ਅਹੁਦੇ ਅਤੇ ਸਰਕਾਰੀ ਫੰਡਾਂ ਦੀ ਦੁਰਵਰਤੋਂ ਕਰਨ ਵਾਲੇ ਅਤੇ ਸਰਕਾਰੀ ਖਜਾਨੇ ਨੂੰ ਨੁਕਸਾਨ ਪਹੁੰਚਾਉਣ ਵਾਲੇ, ਕਿਸੇ ਵੀ ਵਿੱਤੀ ਜਾਂ ਚੱਲ ਰਹੇ ਵਿਕਾਸ ਪ੍ਰੋਜੈਕਟ ਵਿੱਚ ਹੇਰਫੇਰ ਕਰਨ ਵਾਲੇ ਅਤੇ ਸੂਬਾ ਸਰਕਾਰ ਦੇ ਕਿਸੇ ਵੀ ਵਿਭਾਗ ਦੇ ਪ੍ਰਾਜੈਕਟ ਵਿੱਚ ਘਟੀਆ ਦਰਜੇ ਦੀ ਸਮੱਗਰੀ ਵਰਤਣ ਵਾਲੇ ਕਿਸੇ ਵੀ ਸਰਕਾਰੀ ਅਧਿਕਾਰੀ/ਕਰਮਚਾਰੀ ਵਿਰੁੱਧ ਇਸ ਟੋਲ ਫਰੀ ਨੰਬਰ, ਈਮੇਲ ਜਾਂ ਵਟਸਐਪ ਨੰਬਰ ਜ਼ਰੀਏ ਸਕਿਾਇਤ ਦਰਜ ਕਰਵਾ ਸਕਦਾ ਹੈ।

ਵਿਜੀਲੈਂਸ ਬਿਊਰੋ ਦੇ ਮੁਖੀ ਨੇ ਅੱਗੇ ਕਿਹਾ ਕਿ ਕੋਈ ਵੀ ਇਮਾਨਦਾਰ ਸਰਕਾਰੀ ਅਧਿਕਾਰੀ/ਕਰਮਚਾਰੀ ਬਿਨਾ ਝਿਜਕ ਤੋਂ ਕਿਸੇ ਵੀ ਬੇਈਮਾਨ ਜਾਂ ਆਪਣੇ ਅਧਿਕਾਰਤ ਅਹੁਦੇ ਦੀ ਦੁਰਵਰਤੋਂ ਕਰਨ ਵਾਲੇ ਕਿਸੇ ਵੀ ਵਿਜੀਲੈਂਸ ਦੇ ਅਧਿਕਾਰੀ/ਕਰਮਚਾਰੀ ਜਾਂ ਕਿਸੇ ਹੋਰ ਸਰਕਾਰੀ ਮੁਲਾਜਮ ਖਿਲਾਫ ਉਪਰੋਕਤ ਸੰਪਰਕ ਨੰਬਰਾਂ ਜਾਂ ਈਮੇਲ ਜ਼ਰੀਏ ਬਿਊਰੋ ਨੂੰ ਸਕਿਾਇਤ ਦਰਜ ਕਰਵਾ ਸਕਦਾ ਹੈ ਜਾਂ ਬਿਊਰੋ ਨੂੰ ਸੂਚਿਤ ਕਰ ਸਕਦਾ ਹੈ। ਉਹਨਾਂ ਕਿਹਾ ਕਿ ਅਜਿਹੀਆਂ ਸਕਿਾਇਤਾਂ ਦੀ ਪੂਰੀ ਜਾਂਚ ਕਰਨ ਤੋਂ ਬਾਅਦ ਜੇਕਰ ਦੋਸ ਸਾਬਤ ਹੋ ਜਾਂਦਾ ਹੈ ਤਾਂ ਦੋਸੀਆਂ ਨਾਲ ਕਾਨੂੰਨ ਮੁਤਾਬਿਕ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਉਂਨਾਂ ਕਿਹਾ ਕਿ ਸੂਚਨਾ ਦੇਣ ਵਾਲਾ ਅਗਰ ਚਾਹੇ ਤਾਂ ਉਸ ਦਾ ਨਾਮ ਗੁਪਤ ਰੱਖਿਆ ਜਾਵੇਗਾ।

------------